**ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ਅਤੇ**
**ਸਟੇਟ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਟੀ,ਪੰਜਾਬ,**
**ਐਸ. ਸੀ. ਓ ਨੰ. 104-106, ਸੈਕਟਰ 34 ਏ, ਚੰਡੀਗੜ੍ਹ**

ਸੇਵਾ ਵਿਖੇ

1. ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਅਤੇ (ਐ.ਸਿ.)

2. ਰਾਜ ਦੇ ਸਮੂਹ ਸਕੂਲ ਮੁੱਖੀ (ਵੈੱਬ ਸਾਈਟ ਰਾਹੀਂ)

ਮੀਮੋ ਨੰ ਸਸਅ/ਕੋਆਰਡੀਨੇਸ਼ਨ/53727
ਮਿਤੀ ਚੰਡੀਗੜ੍ਹ 20 ਅਗਸਤ, 2010

**ਵਿਸ਼ਾ** **ਸਕੂਲ ਸਮੇ ਤੋਂ ਪਹਿਲਾ ਹੀ ਵਿਦਿਆਰਥੀਆਂ ਦੀ ਛੁੱਟੀ ਬਾਰੇ ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ।

2.0 ਇਹ ਆਮ ਤੌਰ ਤੇ ਧਿਆਨ ਵਿੱਚ ਆਇਆ ਹੈ ਕਿ ਬਹੁਤ ਸਾਰੇ ਸਕੂਲਾਂ ਵਿੱਚ ਵਿਦਿਆਰਥੀ ਅੱਧੀ ਛੁੱਟੀ ਤੋਂ ਬਾਅਦ ਸਕੂਲ ਛੱਡ ਕੇ ਆਪਣੇ ਘਰਾਂ ਨੂੰ ਚਲੇ ਜਾਂਦੇ ਹਨ । ਇਸ ਸਬੰਧ ਵਿੱਚ ਸਕੂਲ ਮੁੱਖੀਆਂ ਨੂੰ ਇਨ੍ਹਾਂ ਵਿਦਿਆਰਥੀਆਂ ਨੂੰ ਸਕੂਲ ਵਿੱਚ ਰੱਖਣ ਅਤੇ ਕਲਾਸਾਂ ਵਿੱਚ ਪੜ੍ਹਾਉਣ ਦੇ ਕੋਈ ਉਪਰਾਲੇ ਨਹੀਂ ਕੀਤੇ ਜਾ ਰਹੇ ਹਨ ।

3.0 ਇਹ ਸਪੱਸ਼ਟ ਕੀਤਾ ਜਾਂਦਾ ਹੈ ਕਿ ਇਸ ਬਾਰੇ ਸਾਰੀ ਜਿੰਮੇਵਾਰੀ ਸਕੂਲ ਮੱਖੀ ਅਤੇ ਸਕੂਲ ਸਟਾਫ ਦੀ ਹੈ । ਵਿਦਿਆਰਥੀਆਂ ਨੂੰ ਇਸ ਤਰ੍ਹਾਂ ਅੱਧੀ ਛੁੱਟੀ ਤੋਂ ਬਾਅਦ ਜਾਂ ਸਕੂਲ ਸਮੇ ਤੋਂ ਪਹਿਲਾਂ ਸਕੂਲ ਛੱਡਣ ਦੀ ਇਜਾਜਤ ਨਾ ਦਿੱਤੀ ਜਾਵੇ ਅਤੇ ਇਹ ਵੀ ਯਕੀਨੀ ਬਣਾਇਆ ਜਾਵੇ ਕਿ ਕੋਈ ਵੀ ਕਲਾਸ ਖਾਲੀ ਨਾ ਰਹੇ ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ